# ਆਕਾਸ਼ਵਾਣੀ ਜਲੰਧਰ

# ਪ੍ਰਦੇਸ਼ਿਕ ਖਬਰਾਂ ਪੰਜਾਬੀ

**18:20 Pm**

**ਮਿਤੀ: 04-02-2025**

- ਪ੍ਰਧਾਨ ਮੰਤਰੀ ਨਰੇਂਦਰ ਮੋਦੀ ਨੇ ਸਰਕਾਰ ਵਲੋਂ ਗਰੀਬਾਂ ਦੀ ਭਲਾਈ ਲਈ ਚੁੱਕੇ ਗਏ ਕਦਮਾਂ ਦੇ ਨਤੀਜੇ ਵਜੋਂ 25 ਕਰੋੜ ਲੋਕਾਂ ਨੂੰ ਗਰੀਬੀ ਤੋਂ ਬਾਹਰ ਕੱਢਿਆ ਗਿਆ ਏ।
- ਪੰਜਾਬ ਦੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਕਿਹਾ -ਗੈਰ-ਕਾਨੂੰਨੀ ਗਤੀਵਿਧੀਆਂ ਨੂੰ ਅੰਜਾਮ ਦੇਣ ਵਾਲਿਆਂ ਨਾਲ ਸਖ਼ਤੀ ਨਾਲ ਨਜਿੱਠਿਆ ਜਾਵੇ।
- ਪੰਜਾਬ ਨੇ ਗ੍ਰੀਨ ਸਕੂਲ ਪ੍ਰੋਗਰਾਮ ਅਧੀਨ 'ਸਰਬੋਤਮ ਸੂਬਾ ' ਅਤੇ ''ਸਰਬੋਤਮ ਜ਼ਿਲਾ ' ਪੁਰਸਕਾਰ ਕੀਤੇ ਹਾਸਲ- ਹੁਸ਼ਿਆਰਪੁਰ ਨੂੰ ਸਰਵੋਤਮ ਜ਼ਿਲ੍ਹਾ ਪੁਰਸਕਾਰ ਮਿਲਿਆ।
- ਵਿਸ਼ਵ ਕੈਂਸਰ ਦਿਵਸ ਮੌਕੇ ਅੱਜ ਪੰਜਾਬ ਦੇ ਵੱਖ ਵੱਖ ਜ਼ਿਲਿਆਂ ਵਿਚ ਕੈਂਸਰ ਬਾਰੇ ਜਾਗਰੂਕਤਾ ਸਮਾਗਮ ਕਰਾਏ ਗਏ।

- ਉੱਤਰਾਖੰਡ ‘ਚ ਚਲ ਰਹੀਆਂ ਰਾਸ਼ਟਰੀ ਖੇਡਾਂ’ਚ ਅੱਜ ਪੰਜਾਬ ਨੇ 6 ਸੋਨੇ ਦੇ, 7 ਚਾਂਦੀ ਦੇ ਅਤੇ 11 ਕਾਂਸੀ ਦੇ ਤਮਗਿਆ ਸਮੇਤ ਹੁਣ ਤਕ, ਕੁਲ 24 ਤਮਗੇ ਹਾਸਿਲ ਕੀਤੇ ਨੇ।

---------------------------------------------------

ਪ੍ਰਧਾਨ ਮੰਤਰੀ ਨਰੇਂਦਰ ਮੋਦੀ ਨੇ ਸਰਕਾਰ ਨੇ ਗਰੀਬਾਂ ਦੀ ਭਲਾਈ ਲਈ ਕਈ ਕਦਮ ਚੁੱਕੇ ਨੇ ਜਿਸ ਦੇ ਨਤੀਜੇ ਵਜੋਂ 25 ਕਰੋੜ ਲੋਕਾਂ ਨੂੰ ਗਰੀਬੀ ਤੋਂ ਬਾਹਰ ਕੱਢਿਆ ਗਿਆ ਏ। ਉਨ੍ਹਾਂ ਕਿਹਾ ਕਿ ਇਹ ਸਰਕਾਰ ਦੀ ਵਚਨਬੱਧਤਾ, ਸਮਰਪਣ ਅਤੇ ਸਖ਼ਤ ਮਿਹਨਤ ਕਾਰਨ ਸੰਭਵ ਹੋਇਆ ਏ। ਉਨ੍ਹਾਂ ਕਿਹਾ ਕਿ ਸਰਕਾਰ ਵਿੱਤੀ ਸਮਝਦਾਰੀ ਦਾ ਪਾਲਣ ਕਰਦੇ ਹੋਏ ਵਿਕਾਸ ਲਈ ਕੰਮ ਕਰ ਰਹੀ ਹੈ। ਪ੍ਰਧਾਨ ਮੰਤਰੀ ਅੱਜ ਲੋਕ ਸਭਾ ਵਿੱਚ ਸੰਸਦ ਦੀ ਸਾਂਝੀ ਬੈਠਕ ਵਿੱਚ ਰਾਸ਼ਟਰਪਤੀ ਦੇ ਭਾਸ਼ਣ ਦੇ ਧੰਨਵਾਦ ਮਤੇ 'ਤੇ ਬਹਿਸ ਦਾ ਜਵਾਬ ਦੇ ਰਹੇ ਸਨ। ਰਾਸ਼ਟਰਪਤੀ ਦੇ ਸੰਬੋਧਨ ਦੀ ਪ੍ਰਸ਼ੰਸਾ ਕਰਦੇ ਹੋਏ, ਪ੍ਰਧਾਨ ਮੰਤਰੀ ਨੇ ਕਿਹਾ ਕਿ ਇਹ ਪ੍ਰੇਰਣਾਦਾਇਕ ਏ ਅਤੇ ਇੱਕ ਵਿਕਸਿਤ ਭਾਰਤ ਦੀ ਦਿਸ਼ਾ ਵਿੱਚ ਸਰਕਾਰ ਦੇ ਉਪਰਾਲਿਆਂ ਨੂੰ ਹੋਰ ਮਜ਼ਬੂਤ ਕੀਤਾ ਏ।

**BYTES:**

---------------------------------------------------

ਸਰਕਾਰ ਨੇ ਕਿਹਾ ਏ ਕਿ, ਪ੍ਰਧਾਨ ਮੰਤਰੀ ਫਸਲ ਬੀਮਾ ਯੋਜਨਾ ਤਹਿਤ ਕਿਸਾਨਾਂ ਦੇ 1 ਲੱਖ 72 ਹਜ਼ਾਰ ਕਰੋੜ ਰੁਪਏ ਤੋਂ ਵੱਧ ਦੇ ਦਾਅਵਿਆਂ ਦਾ ਨਿਪਟਾਰਾ ਕੀਤਾ ਗਿਆ ਏ। ਖੇਤੀਬਾੜੀ ਅਤੇ ਕਿਸਾਨ ਭਲਾਈ ਮੰਤਰੀ, ਸ਼ਿਵਰਾਜ ਸਿੰਘ ਚੌਹਾਨ ਨੇ ਲੋਕ ਸਭਾ ਵਿੱਚ ਇੱਕ ਲਿਖਤੀ ਜਵਾਬ ਵਿੱਚ ਕਿਹਾ ਕਿ, ਯੋਜਨਾ ਦੀ ਸ਼ੁਰੂਆਤ ਤੋਂ ਲੈ ਕੇ ਪਿਛਲੇ ਸਾਲ ਤੱਕ ਕਿਸਾਨਾਂ ਤੋਂ ਪ੍ਰੀਮੀਅਮ ਵਜੋਂ ਲਗਭਗ 32 ਹਜ਼ਾਰ ਕਰੋੜ ਰੁਪਏ ਇਕੱਠੇ ਕੀਤੇ ਜਾ ਚੁੱਕੇ ਨੇ। ਮੰਤਰੀ ਨੇ ਇੱਕ ਹੋਰ ਲਿਖਤੀ ਜਵਾਬ ਵਿੱਚ ਕਿਹਾ ਕਿ, ਸਾਲ 2024-25 ਵਿੱਚ, 26 ਜਨਵਰੀ ਤੱਕ, ਕਣਕ ਦੀ ਖਰੀਦ ਨਾਲ, 22 ਲੱਖ ਤੋਂ ਵੱਧ ਅਤੇ ਝੋਨੇ ਦੀ ਖਰੀਦ ਨਾਲ, 76 ਲੱਖ ਤੋਂ ਵੱਧ ਕਿਸਾਨਾਂ ਨੂੰ ਫਾਇਦਾ ਹੋਇਆ ਏ।

---------------------------------------------------

ਸਰਕਾਰ ਨੇ ਕਿਹਾ ਕਿ ਪ੍ਰਧਾਨ ਮੰਤਰੀ ਇੰਟਰਨਸ਼ਿਪ ਯੋਜਨਾ ਨੂੰ ਦੇਸ਼

ਭਰ ਤੋਂ ਭਰਵਾਂ ਹੁੰਗਾਰਾ ਮਿਲ ਰਿਹਾ ਏ। ਕਾਰਪੋਰੇਟ ਮਾਮਲਿਆਂ ਬਾਰੇ ਮੰਤਰੀ, ਨਿਰਮਲਾ ਸੀਤਾਰਮਨ ਨੇ ਰਾਜ ਸਭਾ ਵਿੱਚ ਪੂਰਕ ਸਵਾਲਾਂ ਦੇ ਜਵਾਬ ਵਿੱਚ ਕਿਹਾ ਕਿ, ਹੁਣ ਤੱਕ ਸਰਕਾਰ ਨੇ, ਦੇਸ਼ ਦੇ ਲਗਭਗ 743 ਜ਼ਿਲ੍ਹਿਆਂ ਵਿੱਚ ਵੱਖ-ਵੱਖ ਅਹੁਦਿਆਂ 'ਤੇ ਇੱਛੁਕ ਨੌਜਵਾਨਾਂ ਨੂੰ ਇੰਟਰਨ ਵਜੋਂ ਰੱਖਿਆ ਏ। ਉਨ੍ਹਾਂ ਨੇ ਕਿਹਾ ਕਿ, ਆਜ਼ਮਾਇਸ਼ੀ ਯੋਜਨਾ ਦੀ ਸ਼ੁਰੂਆਤ ਤੋਂ ਹੀ, ਕਈ ਭਾਈਵਾਲ ਕੰਪਨੀਆਂ ਨੇ ਇਕ ਲੱਖ 27 ਹਜ਼ਾਰ ਇੰਟਰਨਸ਼ਿਪ ਦੇ ਮੌਕੇ ਪੇਸ਼ ਕੀਤੇ ਨੇ ਅਤੇ 28 ਹਜ਼ਾਰ ਤੋਂ ਵੱਧ ਨੌਜਵਾਨ ਇਸ ਸਮੇਂ ਇੰਟਰਨਸ਼ਿਪ ਕਰ ਰਹੇ ਨੇ। ਉਨ੍ਹਾਂ ਕਿਹਾ ਕਿ ਇਸ ਸਾਲ ਜਨਵਰੀ ਤੋਂ ਸ਼ੁਰੂ ਹੋਏ ਦੂਜੇ ਗੇੜ ਵਿੱਚ, 80 ਕੰਪਨੀਆਂ ਵੱਖ-ਵੱਖ ਖੇਤਰਾਂ ਵਿੱਚ ਇੰਟਰਨਸ਼ਿਪ ਦੇ ਮੌਕੇ ਪ੍ਰਦਾਨ ਕਰ ਰਹੀਆਂ ਨੇ ।

---------------------------------------------------------------

ਪੰਜਾਬ ਵਿੱਚ ਅਪਰਾਧ ਨੂੰ ਰੋਕਣ ਲਈ ਸੂਬਾ ਸਰਕਾਰ ਦੀ ਦ੍ਰਿੜ੍ਹ ਵਚਨਬੱਧਤਾ ਨੂੰ ਦੁਹਰਾਉਂਦਿਆਂ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਕਿਹਾ ਕਿ ਜਿਹੜੇ ਵੀ ਇਲਾਕੇ ਵਿੱਚ ਕੋਈ ਵੱਡੀ ਵਾਰਦਾਤ ਵਾਪਰਦੀ ਏ ਤਾਂ ਉਸ ਇਲਾਕੇ ਦੇ ਸਬੰਧਤ ਪੁਲਿਸ ਅਫਸਰਾਂ ਦੀ ਜ਼ਿੰਮੇਵਾਰੀ ਤੈਅ

ਕੀਤੀ ਜਾਵੇਗੀ। ਅੱਜ ਚੰਡੀਗੜ੍ਹ ਚ ਪੁਲਿਸ ਕਮਿਸ਼ਨਰਾਂ ਅਤੇ ਐਸ.ਐਸ.ਪੀਜ਼ ਨਾਲ ਮੀਟਿੰਗ ਦੌਰਾਨ ਮੁੱਖ ਮੰਤਰੀ ਨੇ ਕਿਹਾ ਕਿ ਸੂਬੇ ਵਿੱਚ ਅਪਰਾਧ ਨੂੰ ਠੱਲ੍ਹ ਪਾਉਣ ਲਈ ਅਸਰਦਾਰ ਪੁਲਿਸਿੰਗ ਹੋਣੀ ਚਾਹੀਦੀ ਏ । ਉਨ੍ਹਾਂ ਕਿਹਾ ਕਿ ਪੰਜਾਬ ਪੁਲਿਸ, ਦੇਸ਼ ਦੀਆਂ ਸਭ ਤੋਂ ਬਿਹਤਰੀਨ ਬਲਾਂ ਵਿੱਚੋਂ ਇਕ ਏ । ਮੁੱਖ ਮੰਤਰੀ ਨੇ ਕਿਹਾ ਕਿ ਸੂਬਾ ਸਰਕਾਰ ਵੱਡੇ ਪੁਲਿਸ ਸੁਧਾਰ ਲਾਗੂ ਕਰੇਗੀ ਤਾਂ ਜੋ ਲੋਕਾਂ ਨੂੰ ਇਸ ਦਾ ਲਾਭ ਮਿਲ ਸਕੇ। ਮੁੱਖ ਮੰਤਰੀ ਨੇ ਕਿਹਾ ਕਿ ਗੈਰ-ਕਾਨੂੰਨੀ ਗਤੀਵਿਧੀਆਂ ਨੂੰ ਅੰਜਾਮ ਦੇਣ ਵਾਲਿਆਂ ਨਾਲ ਸਖ਼ਤੀ ਨਾਲ ਨਜਿੱਠਿਆ ਜਾਣਾ ਚਾਹੀਦਾ ਏ ਅਤੇ ਇਸ ਅਪਰਾਧ ਵਿੱਚ ਸ਼ਾਮਲ ਲੋਕਾਂ ਨੂੰ ਬਖਸ਼ਿਆ ਨਹੀਂ ਜਾਣਾ ਚਾਹੀਦਾ। ਉਨ੍ਹਾਂ ਕਿਹਾ ਕਿ ਪੁਲਿਸ ਅਧਿਕਾਰੀਆਂ ਨੂੰ ਖੁਫੀਆ ਇਤਲਾਹ ਇਕੱਠੀ ਕਰਨ ਅਤੇ ਆਮ ਆਦਮੀ ਨੂੰ ਇਨਸਾਫ਼ ਦਿਵਾਉਣ 'ਤੇ ਵੱਧ ਜ਼ੋਰ ਦੇਣਾ ਚਾਹੀਦਾ ਏ । ਭਗਵੰਤ ਸਿੰਘ ਮਾਨ ਨੇ ਕਿਹਾ ਕਿ ਨਸ਼ਿਆਂ ਵਿਰੁੱਧ ਜੰਗ ਨੂੰ ਲੋਕ ਲਹਿਰ ਵਿੱਚ ਬਦਲਣਾ ਚਾਹੀਦਾ ਹੈ ਅਤੇ ਇਸ ਉਦੇਸ਼ ਲਈ ਪੰਚਾਇਤਾਂ ਨੂੰ ਉਤਸ਼ਾਹਿਤ ਕੀਤਾ ਜਾਣਾ ਚਾਹੀਦਾ ਹੈ। ਮੁੱਖ ਮੰਤਰੀ ਨੇ ਕਿਹਾ ਕਿ ਨਸ਼ਿਆਂ ਦੇ ਖ਼ਤਰੇ ਵਿਰੁੱਧ ਕਿਸੇ ਤਰ੍ਹਾਂ ਦਾ

ਲਿਹਾਜ਼ ਨਾ ਵਰਤਣ ਦੀ ਨੀਤੀ ਅਪਣਾਈ ਜਾਣੀ ਚਾਹੀਦੀ ਏ ਅਤੇ ਇਸ ਘਿਨਾਉਣੇ ਅਪਰਾਧ ਵਿੱਚ ਸ਼ਾਮਲ ਕਿਸੇ ਵੀ ਵਿਅਕਤੀ ਨੂੰ ਬਖਸ਼ਿਆ ਨਹੀਂ ਜਾਣਾ ਚਾਹੀਦਾ। ਭਗਵੰਤ ਸਿੰਘ ਮਾਨ ਨੇ ਕਿਹਾ ਕਿ ਉਹ ਰੋਜ਼ਾਨਾ ਨਸ਼ਿਆਂ ਵਿਰੁੱਧ ਕਾਰਵਾਈ ਦੀ ਨਿਗਰਾਨੀ ਕਰਨਗੇ। ਉਨ੍ਹਾਂ ਨੇ ਇਹ ਵੀ ਕਿਹਾ ਕਿ ਸਕੂਲ ਅਤੇ ਕਾਲਜ ਪੱਧਰ 'ਤੇ ਨੌਜਵਾਨਾਂ ਨੂੰ ਨਸ਼ਿਆਂ ਵਿਰੁੱਧ ਜਾਗਰੂਕ ਕਰਨ ਲਈ ਢੁਕਵੀਂ ਰਣਨੀਤੀ ਬਣਾਈ ਜਾਣੀ ਚਾਹੀਦੀ ਏ । ਊਨਾ ਕਿਹਾ ਕਿ ਗੈਂਗਸਟਰਾਂ ਵਿਰੁੱਧ ਕਰੜੀ ਕਾਰਵਾਈ ਕੀਤੀ ਜਾਵੇ ਤਾਂ ਜੋ ਇਨ੍ਹਾਂ ਸਮਾਜ ਵਿਰੋਧੀ ਅਨਸਰਾਂ ਨੂੰ ਰੋਕਿਆ ਜਾ ਸਕੇ। ਭਗਵੰਤ ਸਿੰਘ ਮਾਨ ਨੇ ਸਪੱਸ਼ਟ ਤੌਰ 'ਤੇ ਕਿਹਾ ਕਿ ਸੂਬੇ ਵਿੱਚ ਸੰਗਠਿਤ ਅਪਰਾਧ ਕਰਨ ਵਾਲਿਆਂ ਨੂੰ ਸਿਰ ਚੁੱਕਣ ਦੀ ਇਜਾਜ਼ਤ ਨਹੀਂ ਦਿੱਤੀ ਜਾਵੇਗੀ ਅਤੇ ਉਨ੍ਹਾਂ ਨੂੰ ਸਬਕ ਸਿਖਾਇਆ ਜਾਣਾ ਚਾਹੀਦਾ ਹੈ। ਉਨ੍ਹਾਂ ਨੇ ਅਧਿਕਾਰੀਆਂ ਨੂੰ ਇਹ ਵੀ ਕਿਹਾ ਕਿ ਸੂਬੇ ਵਿੱਚ ਛੋਟੇ-ਮੋਟੇ ਅਪਰਾਧਾਂ ਨੂੰ ਰੋਕਣ ਲਈ ਪੂਰਾ ਖਾਕਾ ਤਿਆਰ ਕੀਤਾ ਜਾਵੇ। ਮੁੱਖ ਮੰਤਰੀ ਨੇ ਅਧਿਕਾਰੀਆਂ ਨੂੰ ਆਪੋ-ਆਪਣੇ ਅਧਿਕਾਰ ਖੇਤਰ ਵਿੱਚ ਅਚਨਚੇਤ ਜਾਂਚ ਕਰਨ ਲਈ ਵੀ ਕਿਹਾ।

---------------------------------------------------

ਪੰਜਾਬ ਨੇ ਵਾਤਾਵਰਣ ਸਿੱਖਿਆ ਅਤੇ ਸਥਿਰਤਾ ਦੇ ਖੇਤਰ ਵਿੱਚ ਮਹੱਤਵਪੂਰਨ ਮੀਲ ਪੱਥਰ ਸਥਾਪਤ ਕਰਦਿਆਂ ਵਿਗਿਆਨ ਤੇ ਵਾਤਾਵਰਨ ਕੇਂਦਰ ਵੱਲੋਂ ਨਵੀਂ ਦਿੱਲੀ ਦੇ ਇੰਡੀਆ ਹੈਬੀਟੇਟ ਸੈਂਟਰ ਵਿਖੇ ਕਰਵਾਏ ਗਏ ਗ੍ਰੀਨ ਸਕੂਲਜ਼ ਅਵਾਰਡਜ਼ 2025 ਵਿੱਚ ਵੱਕਾਰੀ 'ਬੈਸਟ ਗ੍ਰੀਨ ਸਟੇਟ' ਅਤੇ 'ਬੈਸਟ ਗ੍ਰੀਨ ਡਿਸਟ੍ਰਿਕਟ' ਪੁਰਸਕਾਰ ਹਾਸਲ ਕੀਤਾ ਏ। ਇਹ ਪੁਰਸਕਾਰ ਪ੍ਰਸਿੱਧ ਵਾਤਾਵਰਣ ਵਿਗਿਆਨੀ ਸੋਨਮ ਵਾਂਗਚੁਕ ਅਤੇ ਵਿਗਿਆਨ ਤੇ ਵਾਤਾਵਰਨ ਕੇਂਦਰ ਦੀ ਮੁਖੀ ਸੁਨੀਤਾ ਨਰਾਇਣ ਨੇ ਪੰਜਾਬ ਰਾਜ ਵਿਗਿਆਨ ਤੇ ਤਕਨਾਲੋਜੀ ਕੌਂਸਲ ਦੇ ਕਾਰਜਕਾਰੀ ਡਾਇਰੈਕਟਰ ਇੰਜੀਨੀਅਰ ਪ੍ਰਿਤਪਾਲ ਸਿੰਘ ਅਤੇ ਜੁਆਇੰਟ ਡਾਇਰੈਕਟਰ ਡਾ. ਕੁਲਬੀਰ ਸਿੰਘ ਬਾਠ ਨੂੰ ਸੌਂਪੇ। ਇਹ ਪ੍ਰੋਗਰਾਮ ਸਕੂਲਾਂ ਨੂੰ ਹਵਾ, ਊਰਜਾ, ਭੋਜਨ, ਜ਼ਮੀਨ, ਪਾਣੀ ਅਤੇ ਰਹਿੰਦ-ਖੂੰਹਦ ਵਰਗੇ ਛੇ ਮੁੱਖ ਖੇਤਰਾਂ ਵਿੱਚ ਜ਼ਰੂਰੀ ਮਾਪਦੰਡਾਂ ਲਈ ਸਖ਼ਤ ਆਡਿਟ ਕਰਵਾ ਕੇ ਸਰੋਤ ਪ੍ਰਬੰਧਨ ਨੂੰ ਅਨੁਕੂਲ ਬਣਾਉਣ ਲਈ ਉਤਸ਼ਾਹਿਤ ਕਰਦਾ ਏ। ਇਹ ਪੁਰਸਕਾਰ ਵਿਦਿਆਰਥੀਆਂ ਅਤੇ ਸਕੂਲਾਂ ਵਿੱਚ

ਵਾਤਾਵਰਣ ਦੀ ਸਥਿਰਤਾ ਅਤੇ ਜਾਗਰੂਕਤਾ ਨੂੰ ਉਤਸ਼ਾਹਿਤ ਕਰਨ ਵਿੱਚ ਪੰਜਾਬ ਦੀ ਅਗਵਾਈ ਨੂੰ ਮਾਨਤਾ ਦਿੰਦੇ ਨੇ । ਦੇਸ਼ ਭਰ ਵਿੱਚ ਰਜਿਸਟਰਡ 11 ਹਜ਼ਾਰ 917 ਸਕੂਲਾਂ ਵਿੱਚੋਂ, ਪੰਜਾਬ ਦੇ 7 ਹਜ਼ਾਰ 406 ਸਕੂਲਾਂ ਨੇ ਵਾਤਾਵਰਣ ਆਡਿਟ ਪੂਰੇ ਕੀਤੇ ਨੇ । ਪੰਜਾਬ ਦੇ 196 ਸਕੂਲਾਂ ਨੂੰ ਗ੍ਰੀਨ ਸਕੂਲ ਦਾ ਦਰਜਾ ਦਿੱਤਾ ਗਿਆ, ਜਿਸ ਵਿੱਚ 171 ਸਰਕਾਰੀ ਅਤੇ 25 ਪ੍ਰਾਈਵੇਟ ਸਕੂਲ ਸ਼ਾਮਲ ਹਨ। ਹੁਸ਼ਿਆਰਪੁਰ ਜ਼ਿਲ੍ਹੇ ਨੂੰ ਸਰਵੋਤਮ ਜ਼ਿਲ੍ਹਾ ਪੁਰਸਕਾਰ ਦਿੱਤਾ ਗਿਆ। ਹੁਸ਼ਿਆਰਪੁਰ ਜ਼ਿਲ੍ਹੇ ਨੇ 1,945 ਸਕੂਲਾਂ ਦਾ ਆਡਿਟ ਪੂਰਾ ਕਰਕੇ ਰਾਸ਼ਟਰੀ ਰਿਕਾਰਡ ਕਾਇਮ ਕੀਤਾ, ਜੋ ਭਾਰਤ ਦੇ ਕਿਸੇ ਵੀ ਜ਼ਿਲ੍ਹੇ ਵਿੱਚੋਂ ਸਭ ਤੋਂ ਵੱਧ ਹੈ। ਇਹ ਮੀਲ ਪੱਥਰ ਵਾਤਾਵਰਣ ਸਿੱਖਿਆ ਵਿੱਚ ਪੰਜਾਬ ਦੀ ਮੋਹਰੀ ਭੂਮਿਕਾ ਦੀ ਗਵਾਹੀ ਭਰਦੇ ਹਨ ਅਤੇ ਬਿਹਤਰ ਭਵਿੱਖ ਦੀ ਸਿਰਜਣਾ ਲਈ ਸੂਬੇ ਦੀ ਵਚਨਬੱਧਤਾ ਨੂੰ ਉਜਾਗਰ ਕਰਦੇ ਹਨ।

------------------------------------------------------------

ਅੱਜ ਵਿਸ਼ਵ ਕੈਂਸਰ ਦਿਵਸ ਏ । ਇਹ ਦਿਨ 4 ਫਰਵਰੀ ਨੂੰ ਕੈਂਸਰ ਬਾਰੇ ਜਾਗਰੂਕਤਾ ਵਧਾਉਣ ਅਤੇ ਇਸ ਦੀ ਰੋਕਥਾਮ, ਪਛਾਣ ਕਰਨ ਅਤੇ

ਇਲਾਜ ਨੂੰ ਉਤਸ਼ਾਹਿਤ ਕਰਨ ਲਈ ਮਨਾਇਆ ਜਾਂਦਾ ਏ। ਇਸ ਸਾਲ ਦਾ ਵਿਸ਼ਾ '- United by Unique' ਰੱਖਿਆ ਗਿਆ ਏ। ਆਕਾਸ਼ਵਾਣੀ ਖਬਰਾਂ ਨਾਲ ਵਿਸ਼ੇਸ਼ ਤੌਰ 'ਤੇ ਗੱਲਬਾਤ ਕਰਦਿਆਂ, ਨਵੀਂ ਦਿੱਲੀ ਵਿੱਚ ਏਮਜ਼ ਦੇ ਓਨਕੋਲੋਜੀ ਵਿਭਾਗ ਦੇ ਪ੍ਰੋਫੈਸਰ, ਡਾ. M. D. Ray ਨੇ ਕਿਹਾ ਕਿ, ਕੈਂਸਰ ਇੱਕ ਇਲਾਜਯੋਗ ਬਿਮਾਰੀ ਏ। ਉਨ੍ਹਾਂ ਕਿਹਾ ਕਿ, ਲੋਕਾਂ ਨੂੰ ਆਪਣੀ ਸਿਹਤ ਦੀ ਨਿਯਮਤ ਤੌਰ 'ਤੇ ਜਾਂਚ ਕਰਾਉਣੀ ਚਾਹੀਦੀ ਏ ਅਤੇ ਕੈਂਸਰ ਤੋਂ ਬਚਾਅ ਲਈ, ਸਾਵਧਾਨੀਆਂ ਵਰਤਣੀਆਂ ਚਾਹੀਦੀਆਂ ਨੇ।

----------------------------------------------------

ਏਧਰ ਪੰਜਾਬ ਦੇ ਵੱਖ ਵੱਖ ਜ਼ਿਲਿਆਂ ਵਿਚ ਵੀ ਕੈਂਸਰ ਬਾਰੇ ਜਾਗਰੂਕਤਾ ਸਮਾਗਮ ਕਰਾਏ ਗਏ । ਫਰੀਦਕੋਟ, ਦੇ ਸਿਵਲ ਸਰਜਨ ਡਾ. ਚੰਦਰ ਸ਼ੇਖਰ ਕੱਕੜ ਨੇ ਕਿਹਾ ਕਿ ਕੈਂਸਰ ਤੋਂ ਬਚਾਅ ਲਈ ਕਿਸੇ ਵੀ ਕਿਸਮ ਦੇ ਨਸ਼ੇ, ਤੰਬਾਕੂ, ਸ਼ਰਾਬ ਦੇ ਸੇਵਨ ਤੋਂ ਪ੍ਰਹੇਜ਼ ਕਰਨਾ ਚਾਹੀਦਾ ਏ , ਸਾਨੂੰ ਆਪਣੀ ਰੋਜਾਨਾ ਦੀ ਜੀਵਨਸ਼ੈਲੀ ‘ਚ ਬਦਲਾਵ ਕਰਦਿਆਂ ਪੋਸ਼ਟਿਕ ਖੁਰਾਕ ਦਾ ਸੇਵਨ ਕਰਨਾ ਚਾਹੀਦਾ ਏ  ਅਤੇ ਭੋਜਨ ਵਿੱਚ ਫਲ ਅਤੇ

ਸਬਜੀਆਂ ਦੀ ਮਾਤਰਾ ਵਧਾਉਣੀ ਚਾਹੀਦੀ ਏ ਅਤੇ ਰੋਜਾਨਾ ਸਰੀਰਕ ਕਸਰਤ, ਯੋਗਾ ਕਰਨਾ ਚਾਹੀਦਾ ਏ। ਉਹਨਾਂ ਕਿਹਾ ਕਿ 11 ਸਾਲ ਤੋਂ ਉਪਰ ਦੀਆਂ ਬੱਚੀਆਂ ਨੂੰ ਐਚ.ਪੀ.ਵੀ ਦਾ ਟੀਕਾ ਲਗਵਾਓਣਾ ਚਾਹੀਦਾ ਹੈ ਤਾਂ ਜੋ ਔਰਤਾਂ ਵਿੱਚ ਹੋਣ ਵਾਲੇ ਬੱਚੇਦਾਨੀ ਦੇ ਕੈਂਸਰ ਤੋਂ ਬਚਿਆ ਜਾ ਸਕੇ। ਸੀਨੀਅਰ ਮੈਡੀਕਲ ਅਫਸਰ ਡਾ. ਪਰਮਜੀਤ ਸਿੰਘ ਬਰਾੜ ਨੇ ਔਰਤਾਂ ਵਿੱਚ ਹੋਣ ਵਾਲੇ ਛਾਤੀ ਅਤੇ ਬੱਚੇ ਦਾਨੀ ਦੇ ਮੂੰਹ ਦੇ ਕੈਂਸਰ ਬਾਰੇ ਵਿਸਥਾਰ ਪੂਰਵਕ ਜਾਣਕਾਰੀ ਦਿੱਤੀ।

-----------------------------------------------------------

ਫਾਜ਼ਿਲਕਾ ਦੇ ਸਿਹਤ ਬਲਾਕ ਡੱਬਵਾਲਾ ਕਲਾਂ ਵੱਲੋਂ ਕੌਮੀ ਕੈਂਸਰ ਜਾਗਰੂਕਤਾ ਦਿਵਸ ਮੌਕੇ ਸਕੂਲ ਆਫ ਐਮੀਨਾਂਸ ਵਿੱਚ ਕੈਂਸਰ ਜਾਗਰੂਕਤਾ ਕੈਂਪ ਲਗਾ ਕੇ ਵਿਦਿਆਰਥੀਆ ਨੂੰ ਜਾਗਰੂਕ ਕੀਤਾ ਗਿਆ। ਮੈਡੀਕਲ ਅਫਸਰ ਡਾਕਟਰ ਅੰਸ਼ੁਲ ਨਾਗਪਾਲ ਨੇ ਦੱਸਿਆ ਕਿ ਸੰਤੁਲਿਤ ਭੋਜਨ, ਰੋਜ਼ਾਨਾ ਕਸਰਤ ਕਰਨ ਅਤੇ ਤੰਬਾਕੂ, ਸ਼ਰਾਬ ਤੋਂ ਪਰਹੇਜ਼ ਕਰਨਾ ਚਾਹੀਦਾ ਏ। ਓਨਾ ਦਸਿਆ ਕਿ ਪੰਜਾਬ ਸਰਕਾਰ ਵੱਲੋਂ ਸਾਰੇ ਮੈਡੀਕਲ ਕਾਲਜਾਂ ਅਤੇ ਸੂਚੀ ਬੱਧ ਹਸਪਤਾਲਾਂ ਵਿੱਚ ਕੈਂਸਰ ਦੀ

ਬੀਮਾਰੀ ਦੇ ਇਲਾਜ ਲਈ ਮੁੱਖ ਮੰਤਰੀ ਪੰਜਾਬ ਕੈਂਸਰ ਰਾਹਤ ਕੋਸ਼ ਸਕੀਮ ਤਹਿਤ ਡੇਢ ਲੱਖ ਤੱਕ ਦਾ ਨਗਦੀ ਰਹਿਤ ਮੁਫ਼ਤ ਇਲਾਜ ਕੀਤਾ ਜਾਂਦਾ ਏ। ਬਲਾਕ ਐਜੂਕੇਟਰ ਦਿਵੇਸ਼ ਕੁਮਾਰ ਨੇ ਕੈਂਸਰ ਦੇ ਲੱਛਣਾਂ ਬਾਰੇ ਜਾਣਕਾਰੀ ਦਿੰਦਿਆਂ ਦਸਿਆ ਕਿ ਸਰੀਰ ਵਿੱਚ ਗਿਲਟੀ, ਲਗਾਤਾਰ ਖੰਘ ਅਤੇ ਆਵਾਜ਼ ਵਿਚ ਭਾਰੀਪਣ, ਮੂੰਹ ਵਿੱਚ ਨਾ ਠੀਕ ਹੋਣ ਵਾਲੇ ਛਾਲੇ ਅਤੇ ਮਹਾਂਮਾਰੀ ਤੋਂ ਇਲਾਵਾ ਖੂਨ ਪੈਣਾ  ਲੱਛਣ ਹੋਣ ਤੇ ਹਸਪਤਾਲ ਵਿੱਚ ਜਾ ਕੇ ਜਾਂਚ ਕਰਵਾਉਣੀ ਚਾਹੀਦੀ ਏ। ਘਰਾਂ ਦੇ ਨੇੜੇ ਮੁਫ਼ਤ ਜਾਂਚ ਲਈ ਸਿਹਤ ਤੰਦਰੁਸਤੀ ਕੇਂਦਰਾਂ ਵਿੱਚ ਤਾਇਨਾਤ ਕਮਿਊਨਿਟੀ ਹੈਲਥ ਅਫਸਰ ਵੱਲੋਂ ਗੈਰ-ਸੰਚਾਰੀ ਬੀਮਾਰੀਆਂ ਖਾਸ ਤੌਰ 'ਤੇ ਕੈਂਸਰ ਦੀ ਜਾਗਰੂਕਤਾ ਕਰਨ ਦੇ ਨਾਲ-ਨਾਲ ਇਹਨਾਂ ਬੀਮਾਰੀਆਂ ਦੀ ਜਾਂਚ ਕਰਕੇ ਜ਼ਰੂਰੀ ਇਲਾਜ ਮੁਹੱਈਆ ਕਰਵਾਇਆ ਜਾਂਦਾ ਏ।

-------------------------------------------------------------------

ਪੰਜਾਬ ਦੀ ਕੇਂਦਰੀ ਜੇਲ੍ਹ ਪਟਿਆਲਾ ਵਿਖੇ ਪੰਜਾਬ ਪ੍ਰਿਜ਼ਨ ਓਲੰਪਿਕ 2025 ਦੀ ਸ਼ੁਰੂਆਤ ਹੋ ਗਈ ਏ। ਇਸ ਸਮੇਂ ਪਟਿਆਲਾ ਜੇਲ੍ਹ ਤੋਂ ਇਲਾਵਾ ਕੇਂਦਰੀ ਜੇਲ੍ਹ ਸ੍ਰੀ ਗੋਇੰਦਵਾਲ ਸਾਹਿਬ, ਜ਼ਿਲ੍ਹਾ ਜੇਲ੍ਹ ਰੂਪਨਗਰ,

ਜ਼ਿਲ੍ਹਾ ਜੇਲ੍ਹ ਸੰਗਰੂਰ, ਨਵੀਂ ਜੇਲ੍ਹ ਨਾਭਾ, ਸਬ ਜੇਲ੍ਹ ਮਾਲੇਰਕੋਟਲਾ ਦੇ ਕੈਦੀ ਜ਼ੋਨਲ ਪੱਧਰ 'ਤੇ ਮੁਕਾਬਲਿਆਂ ਵਿੱਚ ਹਿੱਸਾ ਲੈ ਰਹੇ ਨੇ। ਇਸ ਸਮਾਗਮ ਦਾ ਉਦਘਾਟਨ ਪਟਿਆਲਾ ਜੇਲ੍ਹ ਦੇ ਸੁਪ੍ਰਿੰਟੈਂਡੈਂਟ ਵਰੁਣ ਸ਼ਰਮਾ ਨੇ ਕੀਤਾ। ਇਹ ਪਹਿਲੀ ਵਾਰ ਏ  ਜਦੋਂ ਸੂਬੇ ਭਰ ਦੀਆਂ 25 ਜੇਲ੍ਹਾਂ ਤੋਂ ਔਰਤਾਂ ਸਮੇਤ ਕੈਦੀ ਹਿੱਸਾ  ਲੈਣਗੇ।  ਉਹ ਵਾਲੀਬਾਲ, ਕਬੱਡੀ, ਟੱਗ ਆਫ ਵਾਰ, ਅਥਲੈਟਿਕਸ, ਬੈਡਮਿੰਟਨ ਅਤੇ ਸ਼ਾਟ ਪੁਟ ਵਰਗੀਆਂ ਖੇਡਾਂ ਵਿੱਚ ਹਿੱਸਾ ਲੈ ਰਹੇ ਨੇ। ਜੇਤੂ ਫਿਰ ਅੰਤਰ-ਜ਼ੋਨ ਪੱਧਰ 'ਤੇ ਮੁਕਾਬਲਾ ਕਰਨਗੇ। ਕੱਲ੍ਹ ਸ਼ੁਰੂ ਹੋਏ, ਓਲੰਪਿਕ ਦੇ ਫਾਈਨਲ 15 ਅਤੇ 16 ਮਾਰਚ ਨੂੰ ਹੋਣਗੇ। ਸੂਤਰਾਂ ਮੁਤਾਬਿਕ ਅਜਿਹੇ ਮੁਕਾਬਲੇ ਵਾਲੇ ਖੇਡ ਸਮਾਗਮ ਕੈਦੀਆਂ ਨੂੰ ਮਨੋਵਿਗਿਆਨਕ ਤੌਰ 'ਤੇ ਬੇਹਤਰ ਮਹਿਸੂਸ ਕਰਨ ਅਤੇ ਚੰਗਾ ਨਾਗਰਿਕ ਬਣਨ ਲਈ ਆਪਣੀਆਂ ਗਲਤੀਆਂ ਤੋਂ ਸਿੱਖਣ ਲਈ ਉਸਾਰੂ ਸੋਚਣ ਵਿੱਚ ਮਦਦ ਕਰਦੇ ਨੇ।

---------------------------------------------------

ਉੱਤਰਾਖੰਡ ‘ਚ ਚਲ ਰਹੀਆਂ ਰਾਸ਼ਟਰੀ ਖੇਡਾਂ’ਚ ਅੱਜ ਪੰਜਾਬ ਨੇ 6 ਸੋਨੇ ਦੇ, 7 ਚਾਂਦੀ ਦੇ ਅਤੇ 11 ਕਾਂਸੀ ਦੇ ਤਮਗਿਆ ਸਮੇਤ ਹੁਣ

ਤਕ, ਕੁਲ 24 ਤਮਗੇ ਹਾਸਿਲ ਕੀਤੇ ਨੇ। ਕਰਨਾਟਕ, 28 ਸੋਨੇ ਦੇ, 12 ਚਾਂਦੀ ਦੇ ਅਤੇ 12 ਕਾਂਸੀ ਦੇ ਤਗਮਿਆਂ ਸਮੇਤ ਕੁਲ 52 ਤਮਗਿਆਂ ਨਾਲ ਅੰਕ ਸੂਚੀ ਵਿੱਚ ਸਭ ਤੋਂ ਉਪਰ ਏ।

---------------------------------------------------

**ਆਖਿਰ 'ਚ ਖਾਸ ਖਬਰਾਂ ਇਕ ਵਾਰ ਫਿਰ ਤੋਂ**

- ਪ੍ਰਧਾਨ ਮੰਤਰੀ ਨਰੇਂਦਰ ਮੋਦੀ ਨੇ ਸਰਕਾਰ ਵਲੋਂ ਗਰੀਬਾਂ ਦੀ ਭਲਾਈ ਲਈ ਚੁੱਕੇ ਗਏ ਕਦਮਾਂ ਦੇ ਨਤੀਜੇ ਵਜੋਂ 25 ਕਰੋੜ ਲੋਕਾਂ ਨੂੰ ਗਰੀਬੀ ਤੋਂ ਬਾਹਰ ਕੱਢਿਆ ਗਿਆ ਏ।
- ਪੰਜਾਬ ਦੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਕਿਹਾ -ਗੈਰ-ਕਾਨੂੰਨੀ ਗਤੀਵਿਧੀਆਂ ਨੂੰ ਅੰਜਾਮ ਦੇਣ ਵਾਲਿਆਂ ਨਾਲ ਸਖ਼ਤੀ ਨਾਲ ਨਜਿੱਠਿਆ ਜਾਵੇ।
- ਪੰਜਾਬ ਨੇ ਗ੍ਰੀਨ ਸਕੂਲ ਪ੍ਰੋਗਰਾਮ ਅਧੀਨ 'ਸਰਬੋਤਮ ਸੂਬਾ' ਅਤੇ ''ਸਰਬੋਤਮ ਜ਼ਿਲਾ' ਪੁਰਸਕਾਰ ਕੀਤੇ ਹਾਸਲ- ਹੁਸ਼ਿਆਰਪੁਰ ਨੂੰ ਸਰਵੋਤਮ ਜ਼ਿਲ੍ਹਾ ਪੁਰਸਕਾਰ ਮਿਲਿਆ।

- ਵਿਸ਼ਵ ਕੈਂਸਰ ਦਿਵਸ ਮੌਕੇ ਅੱਜ ਪੰਜਾਬ ਦੇ ਵੱਖ ਵੱਖ ਜ਼ਿਲਿਆਂ ਵਿਚ ਕੈਂਸਰ ਬਾਰੇ ਜਾਗਰੂਕਤਾ ਸਮਾਗਮ ਕਰਾਏ ਗਏ।
- ਉੱਤਰਾਖੰਡ ‘ਚ ਚਲ ਰਹੀਆਂ ਰਾਸ਼ਟਰੀ ਖੇਡਾਂ’ਚ ਅੱਜ ਪੰਜਾਬ ਨੇ 6 ਸੋਨੇ ਦੇ, 7 ਚਾਂਦੀ ਦੇ ਅਤੇ 11 ਕਾਂਸੀ ਦੇ ਤਮਗਿਆ ਸਮੇਤ ਹੁਣ ਤਕ, ਕੁਲ 24 ਤਮਗੇ ਹਾਸਿਲ ਕੀਤੇ ਨੇ।